# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-10-2024**

ਕੇਂਦਰ ਨੇ ਜੰਮੂ-ਕਸ਼ਮੀਰ 'ਚ ਰਾਸ਼ਟਰਪਤੀ ਸ਼ਾਸਨ ਹਟਾ ਦਿੱਤਾ ਏ, ਜਿਸ ਨਾਲ ਕੇਂਦਰ ਸ਼ਾਸਤ ਪ੍ਰਦੇਸ਼ 'ਚ ਨਵੀਂ ਸਰਕਾਰ ਦੇ ਗਠਨ ਦਾ ਰਾਹ ਪੱਧਰਾ ਹੋ ਗਿਆ ਏ । ਇਸ ਸਬੰਧੀ ਕੇਂਦਰ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨੈਸ਼ਨਲ ਕਾਨਫਰੰਸ ਦੇ ਉਪ-ਪ੍ਰਧਾਨ ਉਮਰ ਅਬਦੁੱਲਾ ਨੇ ਜੰਮੂ-ਕਸ਼ਮੀਰ ਵਿੱਚ ਨਵੀਂ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ ਏ । ਨੈਸ਼ਨਲ ਕਾਨਫਰੰਸ - ਕਾਂਗਰਸ ਗਠਜੋੜ ਨੇ, ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਬਹੁਮਤ ਹਾਸਲ ਕੀਤਾ ਏ ।

---

ਪੰਜਾਬ ਵਿਚ ਭਲਕੇ ਹੋਣ ਵਾਲੀਆਂ ਗ੍ਰਾਮ ਪੰਚਾਇਤ ਚੋਣਾਂ ਦੇ ਮੱਦੇਨਜ਼ਰ, ਸੂਬੇ ਭਰ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ

ਨੇ। ਚੋਣਾਂ ਨੂੰ ਅਮਨ ਅਮਾਨ ਅਤੇ ਪਾਰਦਰਸ਼ਤਾ ਨਾਲ ਨੇਪਰੇ ਚੜ੍ਹਾਉਣ ਲਈ ਸਰਹੱਦੀ ਇਲਾਕਿਆਂ ਵਿਚ ਅਤੇ ਖਾਸਕਰਕੇ ਸਰਹੱਦੀ ਸੂਬਿਆਂ ਤੋਂ ਆਉਣ ਜਾਣ ਵਾਲੇ ਰਸਤਿਆਂ ਉਤੇ ਅੰਤਰਰਾਜੀ ਨਾਕੇ ਲਾਕੇ ਵਾਹਨਾਂ ਦੀ ਚਕਿੰਗ ਕੀਤੀ ਜਾ ਰਹੀ ਏ। ਸੂਬੇ ਭਰ ਵਿਚ ਸੁਰੱਖਿਆ ਲਈ ਪੁਲਿਸ ਬਲਾਂ ਨੂੰ ਤੈਨਾਤ ਕੀਤਾ ਗਿਆ ਏ। ਓਧਰ ਰੂਪਨਗਰ ਵਧੀਕ ਜ਼ਿਲ੍ਹਾ ਮੈਜਿਸਟਰੇਟ ਪੂਜਾ ਸਿਆਲ ਗਰੇਵਾਲ ਵੱਲੋਂ ਚੋਣ ਪ੍ਰਕਿਰਿਆ ਨੂੰ ਸ਼ਾਂਤਮਈ ਤਰੀਕੇ ਨਾਲ, ਨਿਰਵਿਘਨ ਕਰਵਾਉਣ ਅਤੇ ਅਮਨ ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਵੋਟ ਤੇ ਗਿਣਤੀ ਕੇਂਦਰ ਦੇ 100 ਮੀਟਰ ਦੇ ਘੇਰੇ ਅੰਦਰ ਵਾਹਨ ਲਿਜਾਉਣ ਅਤੇ ਪੋਲਿੰਗ ਬੂਥ, ਟੈਂਟ ਲਗਾਉਂਣ ਤੇ ਪਾਬੰਦੀ ਲਗਾਉਂਣ ਦੇ ਹੁਕਮ ਜਾਰੀ ਕੀਤੇ ਨੇ। ਉਨ੍ਹਾਂ ਨੇ ਕਲ ਚੋਣਾਂ ਵਾਲੀਆਂ ਗ੍ਰਾਮ ਪੰਚਾਇਤਾਂ ਦੇ ਮਾਲੀਆ ਹਦੂਦ ਅੰਦਰ ਪੈਂਦੇ ਇਲਾਕਿਆਂ ਵਿਚ ਡਰਾਈ-ਡੇਅ ਐਲਾਨਦੇ ਕਰਦੇ ਹੋਏ ਸ਼ਰਾਬ ਦੇ ਠੇਕੇ ਬੰਦ ਕਰਨ ਅਤੇ ਵਿਅਕਤੀਆਂ ਦੁਆਰਾ ਸ਼ਰਾਬ ਸਟੋਰ ਕਰਨ ’ਤੇ ਪੂਰਨ ਤੌਰ ’ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ।

---

ਮਾਛੀਵਾੜਾ ਪੁਲਿਸ ਨੇ ਸ਼ਹਿਰ ਤੇ ਪਿੰਡਾਂ ਵਿਚ ਇੱਕ ਫਲੈਗ ਮਾਰਚ ਕੱਢਿਆ। ਡੀ.ਐੱਸ.ਪੀ ਤਰਲੋਚਨ ਸਿੰਘ ਨੇ ਦੱਸਿਆ ਕਿ ਤਿਉਹਾਰਾਂ ਦੇ ਮੱਦੇਨਜ਼ਰ ਸ਼ਹਿਰ ਵਿਚ ਫਲੈਗ ਮਾਰਚ ਕੱਢਿਆ ਗਿਆ ਏ ਅਤੇ ਪੰਚਾਇਤੀ ਚੋਣਾਂ ਕਾਰਨ ਪਿੰਡਾਂ ਦਾ ਵੀ ਦੌਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਫਲੈਗ ਮਾਰਚ ਦਾ ਮੁੱਖ ਉਦੇਸ਼ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਅਤੇ ਲੋਕਾਂ ਨੂੰ ਸੁਨੇਹਾ ਦੇਣਾ ਏ ਕਿ ਉਹ ਪੰਚਾਇਤ ਚੋਣਾਂ ਵਿਚ ਵੱਧ ਚੜ ਕੇ ਹਿੱਸਾ ਲੈਣ , ਜਿਨ੍ਹਾਂ ਦੀ ਸੁਰੱਖਿਆ ਲਈ ਪੁਲਸ ਪੂਰੀ ਤਰ੍ਹਾਂ ਮੁਸ਼ਤੈਦ ਏ। ਉਨ੍ਹਾਂ ਦਸਿਆ ਕਿ ਦੱਸਿਆ ਕਿ ਨਸ਼ਿਆਂ ਦੀ ਰੋਕਥਾਮ ਲਈ ਪੁਲਿਸ ਨੇ 15 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ ਕਰ ਇੱਕ ਵਿਅਕਤੀ ’ਤੇ ਮਾਮਲਾ ਦਰਜ ਕੀਤਾ ਏ। ਉਨ੍ਹਾਂ ਦੱਸਿਆ ਕਿ ਸਮਰਾਲਾ ਸਬ ਡਵੀਜ਼ਨ ਵਿਚ 250 ਦੇ ਕਰੀਬ ਮੁਲਾਜ਼ਮ ਤਾਇਨਾਤ ਕੀਤੇ ਗਏ ਨੇ ਜੋ ਕਿ ਚੋਣ ਬੂਥਾਂ ’ਤੇ ਡਿਊਟੀਆਂ ਦੇਣਗੇ ਤਾਂ ਜੋ ਇਹ ਕੰਮ ਅਮਨ, ਸ਼ਾਂਤੀ ਨਾਲ ਨੇਪਰੇ ਚੜ ਸਕੇ। ਉਨ੍ਹਾਂ ਕਿਹਾ ਕਿ ਕੁਝ ਸੰਵੇਦਨਸ਼ੀਲ ਪਿੰਡਾਂ ਦੀ ਵੀ ਪਹਿਚਾਣ ਕੀਤੀ ਗਈ ਏ ਜਿੱਥੇ ਪੁਲਸ

ਪਾਰਟੀਆਂ ਵਿਸ਼ੇਸ਼ ਤੌਰ ’ਤੇ ਤਾਇਨਾਤ ਕੀਤੀਆਂ ਹਨ। ਉਨ੍ਹਾਂ ਲੋਕਾਂ ਨੂੰ, ਭੈਅ ਮੁਕਤ ਹੋ ਕੇ ਪੰਚਾਇਤੀ ਚੋਣਾਂ ਵਿਚ ਹਿੱਸਾ ਲੈਣ ਅਤੇ ਆਪਣੀ ਵੋਟ ਦਾ ਇਸਤੇਮਾਲ ਕਰਨ ਦੀ ਅਪੀਲ ਕੀਤੀ।

-------------------------------------------------

ਪੰਜਾਬ ਪੁਲਿਸ ਨੇ ਰਾਜਸਥਾਨ ਵਿੱਚ ਸੁਭਾਸ਼ ਸੋਹੂ ਦੇ ਕਤਲ ਵਿੱਚ ਸ਼ਾਮਲ ਚਾਰ ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਗੈਂਗਸਟਰ ਵਿਰਧੀ ਕਾਰਜ ਬਲ ਅਤੇ ਮੁਹਾਲੀ ਪੁਲਿਸ ਨੇ ਸਾਂਝੇ ਤੌਰ ’ਤੇ ਕਾਰਵਾਈ ਕਰਦਿਆਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਮੁਲਜ਼ਮਾਂ ਨੇ ਪੁੱਛਗਿੱਛ ਦੌਰਾਨ ਇਹ ਖੁਲਾਸਾ ਕੀਤਾ ਕਿ ਮੁਲਜ਼ਮ ਗੈਂਗਸਟਰ ਪਵਿੱਤਰ ਅਮਰੀਕਾ ਅਤੇ ਮਨਜਿੰਦਰ ਫਰਾਂਸ ਨਾਲ ਜੁੜਿਆ ਹੋਇਆ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਅਕਾਊਂਟ ਐਕਸ ‘ਤੇ ਦੱਸਿਆ ਕਿ ਮੁਲਜ਼ਮ ਇਸ ਸਮੇਂ ਪੁਲੀਸ ਕੋਲ ਰਿਮਾਂਡ ’ਤੇ ਨੇ ਤੇ ਪੁੱਛਗਿੱਛ ਦੌਰਾਨ ਹੋਰ ਵੀ ਕਈ ਖੁਲਾਸੇ ਹੋਣ ਦੀ ਸੰਭਾਵਨਾ ਏ। ਪੁਲਿਸ ਮੁਤਾਬਕ ਇਸ ਮਾਮਲੇ ਦੇ ਮਾਸਟਰ-ਮਾਈਂਡ ਭਾਨੂ ਸਿਸੋਦੀਆ ਨੇ ਪੁੱਛ-ਗਿੱਛ ਦੌਰਾਨ ਦਸਿਆ ਕਿ ਕਿ ਉਸ ਦੇ ਸਾਥੀ ਅਨਿਲ ਲੇਗਾ ਦੇ ਕਤਲ

ਦਾ ਬਦਲਾ ਲੈਣ ਲਈ, ਸੁਭਾਸ਼ ਦੇ ਕਤਲ ਦੀ ਯੋਜਨਾ ਬਣਾਈ ਸੀ। ਇਸ ਵਾਰਦਾਤ ਨੂੰ ਅੰਜਾਮ ਦੇਣ ਵਿੱਚ ਮੁਹੰਮਦ ਆਸਿਫ਼ ਅਤੇ ਅਨਿਲ ਕੁਮਾਰ ਗੋਦਾਰਾ ਨੇ ਉਸਦਾ ਸਾਥ ਦਿੱਤਾ।

---------------------------------------------------------------------

ਸੀਮਾ ਸੁਰੱਖਿਆ ਬਲ ਨੇ ਕੱਲ ਸਰਹੱਦੀ ਜ਼ਿਲਿਆਂ ਅੰਮ੍ਰਿਤਸਰਤ ਤੇ ਤਰਨਤਾਰਨ ਵਿਚ ਵੱਖ ਵੱਖ ਥਾਵਾਂ ਤੋਂ ਡਰੋਨ ਬਰਾਮਦ ਕੀਤੇ। ਤਰਨਤਾਰਨ ਸਰਹੱਦੀ ਖੇਤਰ ਵਿੱਚ ਇੱਕ ਡਰੋਨ ਦੀ ਮੌਜੂਦਗੀ ਬਾਰੇ ਸੂਚਨਾ ਦੇ ਆਧਾਰ 'ਤੇ, ਬੀ.ਐਸ.ਐਫ ਦੇ ਜਵਾਨਾਂ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਸ਼ੱਕੀ ਖੇਤਰ ਵਿੱਚ ਇੱਕ ਸਾਂਝਾ ਖੋਜ ਅਭਿਆਨ ਚਲਾਇਆ ਗਿਆ। ਜਿਸ ਦੌਰਾਨ, ਦੁਪਹਿਰ 2 ਵਜੇ, ਪਿੰਡ ਵਣ ਦੇ ਨਾਲ ਲੱਗਦੇ ਖੇਤ ਵਿੱਚੋਂ ਇਕ ਡਰੋਨ ਬਰਾਮਦ ਕੀਤਾ ਗਿਆ। ਇਕ ਹੋਰ ਮਾਮਲੇ ਵਿਚ ਕਲ ਸ਼ਾਮ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਖੇਤਰ ਵਿੱਚ ਇੱਕ ਡਰੋਨ ਦੀ ਮੌਜੂਦਗੀ ਬਾਰੇ ਖੁਫੀਆ ਵਿੰਗ ਦੀ ਸੂਚਨਾ 'ਤੇ ਕਾਰਵਾਈ ਕਰਦੇ ਹੋਏ, ਬੀ.ਐਸ.ਐਫ ਦੇ ਜਵਾਨਾਂ ਨੇ ਸ਼ੱਕੀ ਖੇਤਰ ਵਿੱਚ ਤਲਾਸ਼ੀ ਮੁਹਿੰਮ ਚਲਾਈ। ਜਵਾਨਾਂ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ

ਪੰਡੋਰੀ ਦੇ ਨਾਲ ਲੱਗਦੇ ਖੇਤਾਂ ਵਿੱਚੋਂ ਵਾਢੀ ਦੌਰਾਨ ਟੁੱਟੀ ਹੋਈ ਹਾਲਤ ਵਿੱਚ ਇਕ ਛੋਟਾ ਡਰੋਨ ਬਰਾਮਦ ਕੀਤਾ। ਬਰਾਮਦ ਕੀਤੇ ਗਏ ਦੋਨੋ ਡਰੋਨ ਚੀਨ ਦੇ ਬਣੇ ਹੋਏ ਨੇ।

---------------------------------------------------

ਪਟਿਆਲਾ ਹਲਕਾ ਸ਼ੁਤਰਾਣਾ ਦੇ ਪਿੰਡ ਜੋਗੇਵਾਲ ਵਿਖੇ, ਤੇਜ਼ ਰਫ਼ਤਾਰ ਸਕੂਲ ਬੱਸ ਦੇ ਬੇਕਾਬੂ ਹੋ ਕੇ ਪਲਟਨ ਕਰਕੇ ਇਕ ਬਜ਼ੁਰਗ ਔਰਤ ਦੀ ਬਸ ਹੇਠਾਂ ਆਉਣ ਕਾਰਨ ਮੌਤ ਹੋ ਗਈ ਏ। ਖਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਮੁਤਾਬਿਕ ਪਿੰਡ ਵਾਲਿਆਂ ਨੇ ਦਸਿਆ ਕਿ ਕਿ ਸਕੂਲ ਬੱਸ ਤੇਜ਼ ਰਫ਼ਤਾਰ ਨਾਲ ਪਿੰਡ ਵਿਚੋਂ ਜਾ ਰਹੀ ਸੀ ਜਿਸ ਕਾਰਨ ਇਹ ਹਾਦਸਾ ਵਾਪਰਿਆ। ਇਸ ਦੌਰਾਨ ਬੱਸ ਵਿਚ ਸਵਾਰ ਬੱਚਿਆਂ ਨੂੰ ਲੋਕਾਂ ਨੇ ਬਾਹਰ ਕੱਢਿਆ ਗਿਆ। ਪੁਲਿਸ ਨੇ ਸਕੂਲ ਬੱਸ ਨੂੰ ਆਪਣੇ ਕਬਜ਼ੇ ਵਿਚ ਲੈ ਕਾਰਵਾਈ ਸ਼ੁਰੂ ਕੀਤੀ ਏ। ਓਧਰ ਪਟਿਆਲਾ ਸਰਹੰਦ ਸੜਕ ਤੇ ਕੱਲ ਦੇਰ ਰਾਤ ਵਾਪਰੇ ਇੱਕ ਹਾਦਸੇ ਵਿਚ ਕਾਰ ਸਵਾਰ ਤਿੰਨ ਜਣਿਆ ਦੀ ਮੌਤ ਹੋ ਗਈ ਅਤੇ ਦੋ ਗੰਭੀਰ ਜਖਮੀ ਹੋ ਗਏ। ਜ਼ਖਮੀਆਂ ਨੂੰ ਪਟਿਆਲਾ ਦੇ ਰਜਿੰਦਰਾ ਹਸਪਤਾਲ ਭਰਤੀ ਕਰਵਾਇਆ ਗਿਆ।

-----------------------------------------------------------------

ਜ਼ਿਲ੍ਹਾ ਗੁਰਦਾਸਪੁਰ ਦੇ ਡਾਘਕਰ ਵਿੱਚ ਵਿਸ਼ਵ ਡਾਕ ਹਫਤਾ ਮਨਾਇ ਗਿਆ ।ਜਿਸ ਤਹਿਤ ਗ੍ਰਾਹਕਾਂ ਨੂੰ ਪਿੰਡ ਪਿੰਡ ਜਾ ਕੇ ਵੱਖਵੱਖ ਯੋਜਨਾਵਾਂ ਦੀ ਜਾਣਕਾਰੀ ਦੇਣ ਤੋਂ ਇਲਾਵਾ ਆਧਾਰ ਕਾਰਡ ਬਣਾਉਣ ਦੇ ਕੈਪ ਲਗਾਏ ਗਏ ਅਤੇ ਪੂਰੇ ਜ਼ਿਲ੍ਹੇ ਦੇ ਡਾਕ ਘਰ ਕਰਮਚਾਰੀਆਂ ਵੱਲੋਂ ਇੱਕ ਰੁੱਖ ਮਾਂਕੇ ਨਾਮ ਮੁਹਿੰਮ ਤਹਿਤ ਇੱਕ ਇੱਕ ਬੂਟਾ ਵੀ ਲਗਾਇਆ ਗਿਆ। ਮੁੱਖ ਪੋਸਟ ਮਾਸਟਰ ਰਵੀ ਨੇ ਦੱਸਿਆ ਕਿ ਜਿਲੇ ਵਿੱਚ ਕੁੱਲ 6000 ਡਾਕ ਕਰਮਚਾਰੀ ਨੇ । ਉਹਨਾਂ ਨੇ ਗੁਰਦਾਸਪੁਰ ਡਿਵੀਜ਼ਨ ਪਹਿਲੇ ਨੰਬਰ ਤੇ ਆਉਣ ਬਾਰੇ ਦੱਸਿਆ ਕਿ ਡਿਵੀਜ਼ਨ ਜੈਂਤੀਪੁਰ ਤੋਂ ਸ਼ੁਰੂ ਹੋ ਜਾਂਦੀ ਏ ਅਤੇ ਇਹ ਪੋਜੀਸ਼ਨ ਡਿਵੀਜ਼ਨ ਤਹਿਤ ਕੰਮ ਕਰਦੇ ਸਾਰੇ ਡਾਕਘਰਾਂ ਦੇ ਕਰਮਚਾਰੀਆਂ ਦੀ ਮਿਹਨਤ ਅਤੇ ਇਮਾਨਦਾਰੀ ਸਦਕਾ ਹਾਸਿਲ ਹੋਈ ਏ।

-----------------------------------------------------------------

ਮੁਹਾਲੀ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਐਸ.ਡੀ.ਐਮਜ਼ ਅਤੇ ਜ਼ਿਲ੍ਹਾ ਖਰੀਦ ਏਜੰਸੀਆਂ ਦੇ ਮੁਖੀਆਂ ਨੂੰ, ਝੋਨੇ ਦੇ ਚੱਲ ਰਹੇ ਖਰੀਦ

ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ, ਮੰਡੀਆਂ ਵਿੱਚ ਮੌਜੂਦ ਰਹਿਣ ਵਾਸਤੇ ਕਿਹਾ ਤਾਂ ਜੋ ਖਰੀਦ ਅਤੇ ਚੁਕਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਾ ਆਵੇ। ਮੁਹਾਲੀ ਵਿਖੇ ਖਰੀਦ ਕਾਰਜਾਂ ਦਾ ਜਾਇਜ਼ਾ ਲੈਂਦਿਆਂ, ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਛੁੱਟੀ ਵਾਲੇ ਦਿਨ ਵੀ ਖਰੀਦ ਕਾਰਜਾਂ ਵਿੱਚ ਕੋਈ ਰੁਕਾਵਟ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਦਸਿਆ ਕਿ ਕਲ ਸ਼ਾਮ ਝੋਨੇ ਦੀ ਆਮਦ 42 ਹਜ਼ਾਰ 701 ਮੀਟਰਿਕ ਟਨ ਤੱਕ ਪਹੁੰਚ ਗਈ ਏ। ਜ਼ਿਲ੍ਹਾ ਖੁਰਾਕ ਤੇ ਸਪਲਾਈਜ਼ ਕੰਟਰੋਲਰ ਵਿਜੇ ਕੁਮਾਰ ਸਿੰਗਲਾ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਖਰੜ, ਲਾਲੜੂ, ਜੜੌਤ ਅਤੇ ਡੇਰਾਬੱਸੀ ਤੋਂ ਇਲਾਵਾ ਕੁਰਾਲੀ, ਖਿਜ਼ਰਾਬਾਦ ਅਤੇ ਬਨੂੜ ਵਿਖੇ ਵੀ ਚੁਕਾਈ ਦਾ ਕੰਮ ਸ਼ੁਰੂ ਹੋ ਗਿਆ ਏ।